No. I/18368/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

## ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਕਣਕ ਦੀ ਵਾਢੀ ਦੌਰਾਨ ਸਪੇਅਰ ਪਾਰਟਸ, ਵਰਕਸ਼ਾਪਾਂ, ਪੈਟਰੋਲ ਪੰਪਾਂ ,ਪੈਸਟੀਸਾਈਡ ਆਦਿ ਦੀਆਂ ਦੁਕਾਨਾਂ ਸਬੰਧੀ ਆਦੇਸ਼ ਜਾਰੀ

ਉਪਰੋਕਤ ਕਾਰੋਬਾਰ ,ਅਦਾਰੇ ਕਰਫਿਊ ਦੌਰਾਨ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਖੁੱਲ੍ਹੇ ਰਹਿਣਗੇ

ਫ਼ਰੀਦਕੋਟ 15,ਅਪ੍ਰੈਲ ()

ਜ਼ਿਲ੍ਹਾ ਮੈਜਿਸਟ੍ਰੇਟ ਕਮ ਡਿਪਟੀ ਕਮਿਸ਼ਨਰ ਫ਼ਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਨੇ ਜ਼ਿਲ੍ਹੇ ਵਿੱਚ ਕਰੋਨਾ ਮਹਾਮਾਰੀ ਨੂੰ ਅੱਗੇ ਫੈਲਣ ਤੋਂ ਰੋਕਣ ਲਈ 23 ਮਾਰਚ ਤੋਂ ਲਗਾਏ ਗਏ ਕਰਫਿਊ ਦੇ ਸਬੰਧ ਵਿੱਚ ਜ਼ਿਲ੍ਹੇ ਵਿੱਚ ਕਣਕ ਦੀ ਕਟਾਈ ਨੂੰ ਲੈ ਕੇ ਪੰਜਾਬ ਸਰਕਾਰ ਦੇ ਗ੍ਰਹਿ ਤੇ ਨਿਆਂ ਵਿਭਾਗ ਦੇ ਪੱਤਰ ਦੇ ਸਬੰਧ ਵਿੱਚ ਹੇਠ ਲਿਖੀਆਂ ਸ਼੍ਰੇਣੀਆਂ ਨੂੰ ਕਰਫਿਊ ਵਿੱਚ ਅਗਲੇ ਹੁਕਮਾਂ ਤੱਕ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਛੋਟ ਦਿੱਤੀ ਗਈ ਹੈ ।

ਜਾਰੀ ਇਨ੍ਹਾਂ ਹੁਕਮਾਂ ਅਨੁਸਾਰ ਖੇਤੀਬਾੜੀ ਮਸ਼ੀਨਰੀ ਦੀਆਂ ਦੁਕਾਨਾਂ ਅਤੇ ਇਸਦੇ ਸਪੇਅਰ ਪਾਰਟਸ (ਸਪਲਾਈ ਚੇਨ ਸਮੇਤ) ਦੀਆਂ ਦੁਕਾਨਾਂ ਖੇਤੀਬਾੜੀ ਮਸ਼ੀਨਰੀ ਦੀ ਮੁਰੰਮਤ ਲਈ ਖੁੱਲੇ ਰਹਿਣਗੇ। ਹਾਈਵੇਅ ‘ਤੇ ਟਰੱਕਾਂ ਦੀ ਮੁਰੰਮਤ ਲਈ ਦੁਕਾਨਾਂ ਤੇ ਸਾਰੇ ਪੈਟਰੋਲ ਪੰਪ ਕਣਕ ਦੀ ਖਰੀਦ ਦੇ ਟਰਾਂਸਪੋਰਟੇਸ਼ਨ ਦੇ ਕੰਮ ਵਿਚ ਸ਼ਾਮਲ ਟਰੱਕਾਂ / ਟਰੈਕਟਰਾਂ ਨੂੰ ਤੇਲ ਪੂਰਾ ਕਰਨ ਲਈ ਖੁੱਲ੍ਹੇ ਰਹਿਣਗੇ ਹੁਕਮਾਂ ਅਨੁਸਾਰ ਆਯੁਸ਼ ਦਵਾਈਆਂ ਸਮੇਤ ਖਾਣ ਦੀਆਂ ਚੀਜ਼ਾਂ, ਮੈਡੀਕਲ ਦਵਾਈਆਂ ਅਤੇ ਮੈਡੀਕਲ ਉਪਕਰਣਾਂ ਲਈ ਪੈਕਿੰਗ ਸਮੱਗਰੀ ਦੀਆਂ ਨਿਰਮਾਣ ਇਕਾਈਆਂ, ਖਾਦ, ਕੀਟਨਾਸ਼ਕਾਂ ਅਤੇ ਬੀਜਾਂ ਦੇ ਉਤਪਾਦਨ ਅਤੇ ਪੈਕਿੰਗ ਇਕਾਈਆ ਨੂੰ ਉਪਰੋਕਤ ਸਮੇ ਦੌਰਾਨ ਖੋਲ੍ਹਣ ਦੀ ਵੀ ਕਰਫਿਊ ਤੋਂ ਛੋਟ ਦਿੱਤੀ ਗਈ ਹੈ। ਇਸ ਦੇ ਨਾਲ ਹੀ ਖੇਤੀਬਾੜੀ / ਬਾਗਬਾਨੀ ਉਪਕਰਣਾਂ ਨਾਲ ਸਬੰਧਤ ਮਸ਼ੀਨਾਂ ਜਿਵੇਂ ਕਿ ਕੰਬਾਈਨ ਹਾਰਵੈਸਟਰਸ ਆਦਿ ਦੀ ਆਵਾਜਾਈ ਤੇ ਕੋਈ ਪਾਬੰਦੀ ਨਹੀਂ ਹੋਵੇਗੀ।

No. I/18399/2020

ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

## ਆਧਾਰ ਸਟੋਰ ਫਰੀਦਕੋਟ, ਸਾਦਿਕ ਨੂੰ ਕਰਫਿਊ ਦੌਰਾਨ ਘਰਾਂ ਵਿੱਚ ਸਮਾਨ ਸਪਲਾਈ ਕਰਨ ਦੀ ਇਜ਼ਾਜਤ

ਸਮਾਜਿਕ ਦੂਰੀ ਬਣਾਈ ਰੱਖਣ ਅਤੇ ਕਰਫਿਊ ਦੀਆਂ ਹਦਾਇਤਾਂ ਦੀ ਪਾਲਣਾ ਦੇ ਆਦੇਸ਼

ਫ਼ਰੀਦਕੋਟ 15, ਅਪ੍ਰੈਲ ()

ਜ਼ਿਲਾ ਮੈਜਿਸਟ੍ਰੇਟ ਕਮ ਡਿਪਟੀ ਕਮਿਸ਼ਨਰ ਫ਼ਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਨੇ ਜ਼ਿਲੇ ਵਿੱਚ ਕਰੋਨਾ ਮਹਾਮਾਰੀ ਨੂੰ ਅੱਗੇ ਫੈਲਣ ਤੋਂ ਰੋਕਣ ਲਈ 23 ਮਾਰਚ ਤੋਂ ਲਗਾਏ ਗਏ ਕਰਫਿਊ ਦੇ ਸਬੰਧ ਵਿੱਚ ਜ਼ਰੂਰੀ ਵਸਤਾਂ ਦੀ ਸਪਲਾਈ ਨੂੰ ਧਿਆਨ ਵਿੱਚ ਰੱਖਦੇ ਹੋਏ ਆਧਾਰ ਸਟੋਰ ਜੋ ਕਿ ਸਰਕੂਲਰ ਰੋਡ ਨੇੜੇ ਡੋਗਰ ਬਸਤੀ ਫਰੀਦਕੋਟ ਅਤੇ ਨੇੜੇ ਸਿੰਘ ਸਭਾ ਗੁਰੂਦੁਆਰਾ ਮੁਕਤਸਰ ਰੋਡ, ਸਾਦਿਕ ਵਿਖੇ ਸਥਿਤ ਹਨ, ਨੂੰ ਘਰੇਲੂ ਵਸਤਾਂ ਦੀ ਸਪਲਾਈ ਕਰਨ ਦੀ ਪ੍ਰਵਾਨਗੀ ਦਿੱਤੀ ਹੈ।

ਜਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਇਨ੍ਹਾਂ ਉਪਰੋਕਤ ਸਟੋਰਾਂ ਦੇ ਮਾਲਕ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਦੇ ਕੋਵਿਡ-19 ਅਧੀਨ ਜਾਰੀ ਕੀਤੇ ਹੁਕਮਾਂ ਦੀ ਪਾਲਣਾ ਕਰਨਗੇ ਅਤੇ ਘਰਾਂ ਵਿੱਚ ਸਪਲਾਈ ਕਰਦੇ ਸਮੇਂ ਸਮਾਜਿਕ ਦੂਰੀ ਡੇਢ ਮੀਟਰ ਤੋਂ 2 ਮੀਟਰ ਬਣਾਉਣੀ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਘਰਾਂ ਵਿੱਚ ਸਪਲਾਈ ਕਰਦੇ ਸਮੇਂ ਗਾਹਕ ਤੋਂ ਕਿਸੇ ਕਿਸਮ ਦੇ ਚਾਰਜ ਨਹੀਂ ਕੀਤਾ ਜਾਵੇਗਾ ਅਤੇ ਨਿਰਧਾਰਤ ਕੀਮਤ ਤੇ ਹੀ ਸਮਾਨ ਸਪਲਾਈ ਕੀਤਾ ਜਾਵੇਗਾ। ਨਿਯਮਾਂ ਦੀ ਉਲੰਘਣਾ ਹੋਣ ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਤੋਂ ਨਿਰਧਾਰਤ ਕੀਮਤ ਤੋਂ ਵੱਧ ਪੈਸੇ ਵਸੂਲ ਕੀਤੇ ਜਾਂਦੇ ਹਨ ਜਾਂ ਕਿਸੇ ਵੀ ਕਿਸਮ ਦੀ ਹੋਰ ਸ਼ਿਕਾਇਤ ਲਈ ਉਹ ਕੋਵਿਡ 19 ਦੇ ਕੰਟਰੋਲ ਰੂਮ 01639-250338 ਤੇ ਆਪਣੀ ਸ਼ਿਕਾਇਤ ਦਰਜ ਕਰਵਾ ਸਕਦੇ ਹਨ।

Dispatch NumberI/18431/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜੈਤੋ ਸਬ ਡਵੀਜ਼ਨ ਦੀਆਂ ਮੰਡੀਆਂ ਵਿੱਚ ਖਰੀਦ ਦੇ ਸਾਰੇ ਪ੍ਰਬੰਧ ਮੁਕੰਮਲ-ਡਾ. ਮਨਦੀਪ ਕੌਰ

ਕਿਸਾਨਾਂ ਨੂੰ ਖਰੀਦ ਸਬੰਧੀ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ

ਕਿਸਾਨ ਪਾਸ ਸਮੇਤ ਸੁੱਕੀ ਫਸਲ ਹੀ ਮੰਡੀ ਵਿੱਚ ਲਿਆਉਣ

ਜੈਤੋ/ਫਰੀਦਕੋਟ 15 ਅਪ੍ਰੈਲ ( ) ਸਬ ਡਵੀਜ਼ਨ ਜੈਤੋ ਦੀਆਂ ਵੱਖ ਵੱਖ ਮੰਡੀਆਂ ਵਿੱਚ ਕਣਕ ਦੀ ਖਰੀਦ ਨੂੰ ਸੁਚਾਰੂ ਢੰਗ ਨਾਲ ਚਲਾਉਣ ਅਤੇ ਕਰਫਿਊ ਦੇ ਨਿਯਮਾਂ ਦੀ ਪਾਲਣਾ ਕਰਨ ਤੋਂ ਇਲਾਵਾ ਕਰੋਨਾ ਵਰਗੀ ਭਿਆਨਕ ਮਹਾਂਮਾਰੀ ਦੇ ਫੈਲਾਅ ਨੂੰ ਰੋਕਣ ਲਈ ਪੰਜਾਬ ਸਰਕਾਰ ਅਤੇ ਡਿਪਟੀ ਕਮਿਸ਼ਨਰ ਜੀ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਣਕ ਦੀ ਖਰੀਦ ਕਰਵਾਉਣ ਨੂੰ ਲੈ ਕੇ ਐਸ.ਡੀ.ਐਮ. ਜੈਤੋ ਡਾ. ਮਨਦੀਪ ਕੌਰ ਵੱਲੋਂ ਮੰਡੀ ਬੋਰਡ, ਸਿਵਲ ਪ੍ਰਸ਼ਾਸਨ, ਪੁਲਿਸ ਪ੍ਰਸ਼ਾਸਨ, ਆੜ੍ਹਤੀਆਂ ਅਤੇ ਕਿਸਾਨ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ।

ਮੀਟਿੰਗ ਦੌਰਾਨ ਐਸ.ਡੀ.ਐਮ. ਡਾ. ਮਨਦੀਪ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਿਲੇ ਨਿਰਦੇਸ਼ਾਂ ਅਨੁਸਾਰ ਜੈਤੋ ਸਬ ਡਵੀਜ਼ਨ  ਵਿੱਚ ਕਣਕ ਦੀ ਖਰੀਦ ਲਈ ਸਾਰੇ ਪ੍ਰਬੰਧ ਮੁਕੰਮਲ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸੁੱਕੀ ਫਸਲ ਹੀ ਮੰਡੀਆਂ ਵਿੱਚ ਲਿਆਉਣ ਜਿਸ ਦੀ ਨਮੀ 12 ਪ੍ਰਤੀਸ਼ਤ ਤੋਂ ਵੱਧ ਨਾ ਹੋਵੇ। ਉਨ੍ਹਾਂ ਕਿਹਾ ਕਿ ਆੜਤੀ, ਕਿਸਾਨਾਂ ਨੂੰ ਮੰਡੀਆਂ ਵਿੱਚ ਕਣਕ ਲਿਆਉਣ ਲਈ ਪਾਸ ਜਾਰੀ ਕਰਨਗੇ ਅਤੇ ਕੋਈ ਵੀ ਕਿਸਾਨ ਬਿਨਾਂ ਪਾਸ ਮੰਡੀ ਵਿੱਚ ਫਸਲ ਨਾ ਲਿਆਵੇ। ਉਨਾਂ ਸਮੂਹ ਧਿਰਾਂ ਨੂੰ ਮੰਡੀਆਂ ਵਿੱਚ ਸਮਾਜਿਕ ਦੂਰੀ ਬਣਾਈ ਰੱਖਣ, ਆੜ੍ਹਤੀਆਂ, ਕਿਸਾਨਾਂ, ਲੇਬਰ ਤੇ ਡਿਊਟੀ ਤੇ ਤਾਇਨਾਤ ਹੋਰ ਕਰਮਚਾਰੀਆਂ/ਅਧਿਕਾਰੀਆਂ ਨੂੰ ਮਾਸਕ ਪਹਿਨਣ, ਸਮੇਂ ਸਮੇਂ ਹੱਥ ਧੋਣ ਦੀ ਵੀ ਅਪੀਲ ਕੀਤੀ ਅਤੇ ਖਰੀਦ ਏਜੰਸੀਆਂ ਨੂੰ ਹਦਾਇਤ ਕੀਤੀ ਕਿ ਉਹ ਕਿਸਾਨਾਂ ਵੱਲੋਂ ਫਸਲ ਲਿਆਉਣ ਵਾਲੇ ਦਿਨ ਹੀ ਉਸ ਦੀ ਬੋਲੀ ਲਗਾ ਕੇ ਕਣਕ ਤੋਲੀ ਜਾਵੇ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਜੀ ਦੀ ਯੋਗ ਅਗਵਾਈ ਹੇਠ ਕਿਸੇ ਨੂੰ ਵੀ ਕਣਕ ਦੀ ਖਰੀਦ ਦੌਰਾਨ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

ਇਸ ਮੀਟਿੰਗ ਵਿੱਚ ਡੀ.ਐਸ.ਪੀ. ਜੈਤੋ ਸ: ਮਹਿਤਾਬ ਸਿੰਘ, ਨਾਇਬ ਤਹਿਸੀਲਦਾਰ ਹੀਰਾਵੰਤੀ, ਸੈਕਟਰੀ ਮਾਰਕਿਟ ਕਮੇਟੀ ਜੈਤੋ ਤੋਂ ਇਲਾਵਾ ਖਰੀਦ ਏਜੰਸੀਆਂ ਦੇ ਅਧਿਕਾਰੀ ਅਤੇ ਕਿਸਾਨ ਯੂਨੀਅਨ ਦੇ ਨੁਮਾਇੰਦੇ, ਆੜ੍ਹਤੀਏ ਆਦਿ ਵੀ ਹਾਜ਼ਰ ਸਨ।

Dispatch No. I/18466/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਡਿਪਟੀ ਕਮਿਸ਼ਨਰ ਵੱਲੋਂ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮੰਡੀਆਂ ਦਾ ਦੌਰਾ

ਕਿਸਾਨਾਂ, ਆੜ੍ਹਤੀਆਂ, ਲੇਬਰ ਆਦਿ ਨੂੰ ਮਾਸਕ ਪਹਿਣਨ ਅਤੇ ਸਮਾਜਿਕ ਦੂਰੀ ਬਣਾਈ ਰੱਖਣ ਦੀ ਅਪੀਲ

ਕਿਸਾਨ ਆੜ੍ਹਤੀਆਂ ਤੋਂ ਪਾਸ ਲੈ ਕੇ ਹੀ ਮੰਡੀਆਂ ਵਿੱਚ ਫਸਲ ਲਿਆਉਣ

ਫਰੀਦਕੋਟ 15 ਅਪ੍ਰੈਲ ( ) ਪੰਜਾਬ ਸਰਕਾਰ ਵੱਲੋਂ ਹਾੜੀ ਦੇ ਸੀਜ਼ਨ ਦੌਰਾਨ ਕਣਕ ਦੀ ਨਿਰਵਿਘਨ ਖਰੀਦ ਸਮੇਤ ਕਰੋਨਾ ਮਹਾਂਮਾਰੀ ਤੋਂ ਬਚਾਅ ਲਈ ਕਿਸਾਨਾਂ, ਆੜ੍ਹਤੀਆਂ, ਲੇਬਰ ਤੇ ਖਰੀਦ ਏਜੰਸੀਆਂ ਆਦਿ ਨੂੰ ਦਿੱਤੇ ਗਏ ਨਿਰਦੇਸ਼ਾਂ ਤਹਿਤ ਅੱਜ ਜਿਲ੍ਹੇ ਦੇ ਕੁਝ ਖਰੀਦ ਕੇਂਦਰਾਂ ਵਿੱਚ ਕਣਕ ਦੀ ਖਰੀਦ ਬਕਾਇਦਾ ਸ਼ੁਰੂ ਹੋ ਗਈ ਹੈ।ਵੱਖ ਵੱਖ ਖਰੀਦ ਕੇਂਦਰਾਂ ਵਿੱਚ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਫਰੀਦਕੋਟ, ਸਾਦਿਕ, ਡੋਡ ਅਤੇ ਜੰਡ ਸਾਹਿਬ ਆਦਿ ਮੰਡੀਆਂ ਦਾ ਦੌਰਾ ਕੀਤਾ ਗਿਆ।

ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਮੰਡੀ ਬੋਰਡ ਵੱਲੋਂ ਕਰੋਨਾ ਮਹਾਂਮਾਰੀ ਤੋਂ ਬਚਾਅ ਅਤੇ ਇਸ ਦੇ ਫੈਲਾਅ ਨੂੰ ਅੱਗੇ ਵਧਣ ਤੋਂ ਰੋਕਣ ਲਈ ਮੰਡੀਆਂ ਵਿੱਚ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਜਿਲ੍ਹੇ ਦੇ 134 ਖਰੀਦ ਕੇਂਦਰਾਂ ਵਿੱਚ ਕਿਸਾਨਾਂ ਦੀ ਆਮਦ ਵੇਲੇ ਹੱਥ ਧੋਣ ਲਈ ਵਿਸ਼ੇਸ਼ ਪ੍ਰਬੰਧ, ਪੀਣ ਵਾਲੇ ਪਾਣੀ ਲਈ ਵਿਸ਼ੇਸ਼ ਪ੍ਰਬੰਧ, ਆੜ੍ਹਤੀਆਂ , ਕਿਸਾਨਾਂ ਤੇ ਲੇਬਰ ਆਦਿ ਲਈ ਮਾਸਕ ਪਹਿਣਨੇ ਜ਼ਰੂਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਗਈਆ ਹਨ ਕਿ ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਦੀ ਫਸਲ ਦੀ ਉਸੇ ਦਿਨ ਹੀ ਖਰੀਦ ਕਰਕੇ ਉਸ ਨੂੰ ਵਿਹਲਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਸਮਾਜਿਕ ਦੂਰੀ ਬਣਾਈ ਰੱਖਣ ਲਈ ਮੰਡੀ ਬੋਰਡ ਵੱਲੋਂ ਵਿਸ਼ੇਸ਼ ਮਾਰਕਿੰਗ ਕੀਤੀ ਗਈ ਹੈ ਅਤੇ ਇਸ ਤੋਂ ਪਹਿਲਾਂ ਜਿਲ੍ਹੇ ਦੀਆਂ ਸਾਰੀਆਂ ਮੰਡੀਆਂ ਨੂੰ ਸਪਰੇਅ ਰਾਹੀਂ ਸੈਨੇਟਾਈਜ਼ ਕੀਤਾ ਗਿਆ ਹੈ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸੁੱਕੀ ਫਸਲ ਹੀ ਪਾਸ ਸਮੇਤ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਕਿਸਾਨ ਪਾਸ ਆਪਣੇ ਆੜ੍ਹਤੀ ਤੋਂ ਹੀ ਪ੍ਰਾਪਤ ਕਰਨ। ਉਨ੍ਹਾਂ ਮੰਡੀ ਵਿੱਚ ਕੰਮ ਕਰਦੀ ਲੇਬਰ, ਆੜ੍ਹਤੀਆਂ, ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਸਮੇਂ ਸਮੇਂ ਤੇ ਆਪਣੇ ਹੱਥ ਧੋਂਦੇ ਰਹਿਣ ਅਤੇ ਮਾਸਕ ਪਹਿਨ ਕੇ ਹੀ ਕੰਮ ਕਰਨ ਉਨ੍ਹਾਂ ਦੁਹਰਾਇਆ ਕਿ ਕਿਸਾਨਾਂ ਆੜ੍ਹਤੀਆਂ ਜਾਂ ਲੇਬਰ ਨੂੰ ਮੰਡੀਆਂ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਉਨ੍ਹਾਂ ਸਾਰੀਆਂ ਧਿਰਾਂ ਨੂੰ ਖਰੀਦ ਦੌਰਾਨ ਮਿਲਵਰਤਨ ਦੀ ਵੀ ਅਪੀਲ ਕੀਤੀ।

ਜਿਲ੍ਹਾ ਮੰਡੀ ਅਫਸਰ ਸ: ਮਨਜੀਤ ਸਿੰਘ ਨੇ ਦੱਸਿਆ ਕਿ ਅੱਜ ਖਰੀਦ ਦੇ ਪਹਿਲੇ ਦਿਨ ਮਾਰਕਿਟ ਕਮੇਟੀ ਅਧੀਨ ਆਉਂਦੀਆਂ ਵੱਖ ਵੱਖ ਖਰੀਦ ਕੇਂਦਰਾਂ ਤੇ ਵੱਡੀ ਪੱਧਰ ਤੇ ਮੰਡੀਆਂ ਵਿੱਚ ਕਣਕ ਦੀ ਖਰੀਦ ਸ਼ੁਰੂ ਹੋ ਚੁੱਕੀ ਹੈ ਤੇ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਪੀਣ ਵਾਲੇ ਪਾਣੀ, ਰੋਸ਼ਨੀ, ਹੱਥ ਧੋਣ ਲਈ ਵਾਸਬੇਸ਼ਨ, ਸਾਬਣ ਸਮੇਤ ਹਰ ਸਹੂਲਤ ਦਾ ਪ੍ਰਬੰਧ ਕੀਤਾ ਗਿਆ ਹੈ।

ਇਸ ਮੌਕੇ ਪ੍ਰੋਜੈਕਟ ਡਾਇਰੈਕਟਰ ਆਤਮਾ, ਡਾ. ਅਮਨਦੀਪ ਕੇਸ਼ਵ, ਚੇਅਰਮੈਨ ਮਾਰਕਿਟ ਕਮੇਟੀ ਸਾਦਿਕ ਦੀਪਕ ਕੁਮਾਰ ਸੋਨੂ, ਡਿਪਟੀ ਜਿਲ੍ਹਾ ਮੰਡੀ ਅਫਸਰ ਸ: ਜਗਰੂਪ ਸਿੰਘ ਸਮੇਤ ਖਰੀਦ ਏਜੰਸੀਆਂ, ਮਾਰਕਿਟ ਕਮੇਟੀਆਂ ਦੇ ਨੁਮਾਇੰਦੇ ਹਾਜ਼ਰ ਸਨ।